# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13 :1 0 Pm**

**ਮਿਤੀ: 01-10-2024**

ਜੰਮੂ-ਕਸ਼ਮੀਰ 'ਚ ਵਿਧਾਨ ਸਭਾ ਚੋਣਾਂ ਦੇ ਤੀਜੇ ਅਤੇ ਆਖਰੀ ਗੇੜ੍ਹ ਲਈ ਪੋਲਿੰਗ ਸਖਤ ਸੁਰਖਿਆ ਪ੍ਰਬੰਧਾਂ ਹੇਠ ਜਾਰੀ ਸਵੇਰੇ D ਏ ਦੁਪਹਿਰ 12 ਵਜੇ ਤਕ 29 ਫੀਸਦੀ ਮਤਦਾਨ ਦਰਜ ਕੀਤਾ ਗਿਆ ਏ . 7 ਜ਼ਿਲ੍ਹਿਆਂ ਵਿੱਚ ਫੈਲੇ 40 ਵਿਧਾਨ ਸਭਾ ਹਲਕਿਆਂ ਵਿੱਚ ਨਿਰਵਿਘਨ, ਅਤੇ ਸ਼ਾਂਤੀਪੂਰਨ ਪੋਲਿੰਗਮ ਯਕੀਨੀ ਬਣਾਉਣ ਲਈ ਪੁਖ਼ਤਾ ਸੁਰੱਖਿਆ ਇੰਤਜ਼ਾਮ ਕੀਤੇ ਗਏ ਨੇ . ਅੱਜ ਸਵੇਰੇ 7 ਵਜੇ ਸ਼ੁਰੂ ਹੋਈ ਪੋਲਿੰਗ ਸ਼ਾਮ 6 ਵਜੇ ਖਤਮ ਹੋਵੇਗੀ। ਪੰਜ ਹਜ਼ਾਰ 60 ਪੋਲਿੰਗ ਸਟੇਸ਼ਨਾਂ 'ਤੇ 20 ਹਜ਼ਾਰ ਤੋਂ ਵੱਧ ਪੋਲਿੰਗ ਅਮਲਾ ਡਿਊਟੀ 'ਤੇ ਲਾਇਆ ਗਿਆ ਏ ਇਸ ਗੇੜ੍ਹ ਵਿੱਚ 39 ਲੱਖ ਤੋਂ ਵੱਧ ਵੋਟਰ 415 ਉਮੀਦਵਾਰਾਂ ਦੀ ਕਿਸਮਤ ਦਾ ਫੈਸਲਾ ਕਰਨਗੇ । ਇਸ ਕੇਂਦਰ ਪਰਬੰਧਿਤ ਪ੍ਰਦੇਸ਼ ਵਿੱਚ ਪਹਿਲੇ ਦੋ ਗੇੜਾਂ ਲਈ 18 ਅਤੇ 25 ਸਤੰਬਰ ਨੂੰ ਵੋਟਾਂ ਪਈਆਂ ਸਨ। ਪਹਿਲੇ ਗੇੜ੍ਹ

'ਚ 61 ਫੀਸਦੀ ਅਤੇ ਦੂਜੇ ਗੇੜ੍ਹ 'ਚ 57 ਫੀਸਦੀ ਤੋਂ ਵੱਧ ਪੋਲਿੰਗ ਦਰਜ ਕੀਤੀ ਗਈ. ਸਾਰੇ ਗੇੜਾਂ ਦੀ ਗਿਣਤੀ ਇਸ ਮਹੀਨੇ ਦੀ 8 ਤਰੀਕ ਨੂੰ ਹਰਿਆਣਾ ਦੇ ਨਾਲ-ਨਾਲ ਹੋਵੇਗੀ।

---------------------------------------------------

ਭਾਰਤੀ ਜਨਤਾ ਪਾਰਟੀ ਨੇ ਪੰਜਾਬ ਵਿਚ 15 ਅਕਤੂਬਰ ਨੂੰ ਹੋਣ ਜਾ ਰਹੀਆਂ ਪੰਚਾਇਤੀ ਚੋਣਾਂ ਵਿਚ ਗੜਬੜ ਅਤੇ ਧੱਕੇਸ਼ਾਹੀ ਦਾ ਖ਼ਦਸ਼ਾ ਜ਼ਾਹਰ ਕਰਦਿਆਂ ਇਕ ਚਿੱਠੀ ਲਿਖ ਕੇ ਕੁਝ ਨੁਕਤੇ ਪੰਜਾਬ ਦੇ ਚੋਣ ਕਮਿਸ਼ਨ ਦੇ ਧਿਆਨ ਵਿੱਚ ਲਿਆਂਦੇ ਨੇ । ਭਾਜਪਾ ਨੇ ਦੱਸਿਆ ਏ ਕਿ ਬਹੁਤ ਸਾਰੇ ਪਿੰਡਾ ਵਿੱਚ ਵੋਟਰ ਸੂਚੀਆਂ ਉਪਲੱਬਧ ਨਹੀਂ ਅਤੇ ਕਈ ਵੋਟਰਾਂ ਦੇ ਨਾਮ ਵੋਟਰਾ ਸੂਚੀਆਂ ਵਿੱਚ ਨਹੀਂ ਹਨ , ਜੋ ਜਾਣਬੁੱਝ ਕੱਟੇ ਗਏ ਜਾਪਦੇ ਨੇ । ਬਹੁਤੇ ਪਿੰਡਾਂ ਵਿੱਚ 2023 ਦੀਆਂ ਵੋਟਰ ਸੂਚੀਆਂ ਵਰਤੋਂ ਵਿੱਚ ਲਿਆਦੀਆਂ ਗਈਆਂ ਨੇ , ਜੋ ਕਿ ਗੈਰ ਵਾਜਬ ਨੇ । ਭਾਜਪਾ ਨੇ ਖ਼ਦਸ਼ਾ ਪ੍ਰਗਟਾਇਆ ਏ ਕਿ ਸੱਤਾਧਾਰੀ ਪਾਰਟੀ ਵੱਲੋਂ ਨਾਮਜ਼ਦਗੀ ਕਾਗਜ਼ ਬਿਨਾ ਕਿਸੇ ਤਕਨੀਕੀ ਵਜ੍ਹਾ ਦੇ ਧੱਕੇ ਨਾਲ ਰੱਦ ਕੀਤੇ ਜਾ ਸਕਦੇ ਨੇ ਅਤੇ ਉਸ ਵੇਲੇ ਕਿਸੇ ਵੀ ਅਪੀਲ ਜਾਂ ਦਲੀਲ ਦਾ ਸਮਾਂ ਨਹੀ ਹੋਵੇਗਾ

। ਕਈ ਪਿੰਡਾਂ ਵਿੱਚ ਲਗਾਤਾਰ ਜਾਂ ਤਾਂ ਪੰਚਾਇਤਾਂ ਅਨੁਸੂਚਿਤ ਜਾਤੀਆਂ ਲਈ ਰਾਖਵੀਆਂ ਕਰ ਦਿੱਤੀਆਂ ਗਈਆਂ ਨੇ ਜਾਂ ਲਗਾਤਾਰ ਜਨਰਲ ਵਰਗ ਲਈ ਨੋਟੀਫਾਈ ਕਰ ਦਿੱਤੀਆਂ ਗਈਆਂ ਨੇ । ਇਹ ਵੀ ਧਿਆਨ ਵਿੱਚ ਆਇਆ ਹੈ ਕਿ ਰਾਤੋ - ਰਾਤ ਬਿਨਾ ਵਜ੍ਹਾ ਪੰਚਾਇਤਾਂ ਦੇ ਨੋਟੀਫਿਕੇਸ਼ਨ ਵਿੱਚ ਰਾਖਵੇਂਕਰਨ ਨੂੰ ਲੈ ਕੇ ਹੋਰ ਬਦਲ ਕੀਤਾ ਗਿਆ ਏ ਅਤੇ ਅੱਗੋਂ ਵੀ ਹੋਣ ਦਾ ਖ਼ਦਸਾ ਏ , ਇਸ ਨੂੰ ਸਖ਼ਤੀ ਨਾਲ ਰੋਕਿਆ ਜਾਵੇ

---------------------------------------------------

ਤਰਨ ਤਾਰਨ ਦੇ ਜ਼ਿਲ੍ਹਾ ਚੋਣ ਅਫਸਰ -ਕਮ-ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਦੱਸਿਐ ਕਿ ਜ਼ਿਲ੍ਹੇ ਵਿੱਚ ਗ੍ਰਾਮ ਪੰਚਾਇਤਾਂ ਦੀਆਂ ਆਮ ਚੋਣਾਂ 15 ਅਕਤੂਬਰ ਨੂੰ ਹੋਣ ਜਾ ਰਹੀਆਂ ਨੇ ਅਤੇ ਚਾਹਵਾਨ ਉਮੀਦਵਾਰ 4 ਅਕਤੂਬਰ ਨੂੰ ਸ਼ਾਮ 03 ਵਜੇ ਤੱਕ ਆਪਣੇ ਨਾਮਜ਼ਦਗੀ ਫਾਰਮ ਸਬੰਧਤ ਰਿਟਰਨਿੰਗ ਅਫਸਰ ਕੋਲ ਜਮਾਂ ਕਰਵਾ ਸਕਦੇ ਨੇ। ਉਮੀਦਵਾਰਾਂ ਵੱਲੋਂ ਸਬੰਧਤ ਅਥਾਰਟੀਆਂ ਦੇ ਨਿਯਮਾਂ ਜਾਂ ਪ੍ਰਕਿਰਿਆਵਾਂ ਅਨੁਸਾਰ ਨਾਮਜ਼ਦਗੀ ਪੱਤਰਾਂ ਦੇ ਨਾਲ ਨੋ ਡਿਊ ਸਰਟੀਫਿਕੇਟ ਜਾਂ ਨੋ ਆਬਜੈਕਸ਼ਨ ਸਰਟੀਫਿਕੇਟ ਨੱਥੀ ਕਰਨਾ

ਜ਼ਰੂਰੀ। ਜੇਕਰ ਕਿਸੇ ਉਮੀਦਵਾਰ ਨੂੰ ਕੋਸ਼ਿਸ਼ਾਂ ਦੇ ਬਾਵਜੂਦ ਉਕਤ ਸਰਟੀਫਿਕੇਟ ਪ੍ਰਾਪਤ ਨਹੀਂ ਹੁੰਦਾ ਤਾਂ ਉਹ ਇੱਕ ਹਲਫਨਾਮਾ, ਜਿਸ ਵਿੱਚ ਸਪੱਸ਼ਟ ਕੀਤਾ ਹੋਵੇ ਕਿ ਉਹ ਸਬੰਧਤ ਅਥਾਰਟੀ ਦੇ ਕਿਸੇ ਟੈਕਸ ਜਾਂ ਹੋਰ ਬਕਾਏ ਦਾ ਦੇਣਦਾਰ ਨਹੀਂ ਏ ਅਤੇ ਪੰਜਾਬ ਰਾਜ ਚੋਣ ਕਮਿਸ਼ਨ ਐਕਟ, 1994 ਦੀ ਧਾਰਾ 11 ਦੇ ਅਨੁਸਾਰ ਉਸ ਕੋਲ ਕਿਸੇ ਵੀ ਸਥਾਨਕ ਅਥਾਰਟੀ ਨਾਲ ਸਬੰਧਤ ਜਾਇਦਾਦ ਦਾ ਅਣ-ਅਧਿਕਾਰਤ ਕਬਜ਼ਾ ਨਹੀਂ ਏ, ਦਿੰਦੇ ਹੋਏ ਆਪਣੇ ਨਾਮਜ਼ਦਗੀ ਪਰਚੇ ਦਾਖਲ ਕਰ ਸਕਦਾ ਏ। ਹਲਫ਼ੀਆ ਬਿਆਨ ਤਿਆਰ ਕਰਨ ਦੀ ਪ੍ਰਕਿਰਿਆ ਨੂੰ ਹੋਰ ਸਰਲ ਬਣਾਉਣ ਲਈ ਹਦਾਇਤਾਂ ਜਾਰੀ ਕੀਤੀਆਂ ਗਈਆਂ ਨੇ ਕਿ ਕਾਰਜਕਾਰੀ ਮੈਜਿਸਟਰੇਟ ਜਾਂ ਓਥ ਕਮਿਸ਼ਨਰ ਵੱਲੋਂ ਤਸਦੀਕ ਉਪਰੰਤ ਜਾਰੀ ਕੀਤੇ ਜਾਂ ਨੋਟਰੀ ਤੋਂ ਤਸਦੀਕਸ਼ੁਦਾ ਹਲਫ਼ੀਆ ਬਿਆਨ ਹੀ ਪ੍ਰਵਾਨ ਕੀਤੇ ਜਾਣਗੇ। ਰਿਟਰਨਿੰਗ ਅਫ਼ਸਰ ਸਬੰਧਤ ਨਾਮਜ਼ਦਗੀ ਪੱਤਰਾਂ ਨੂੰ ਸਵੀਕਾਰ ਕਰੇਗਾ ਅਤੇ ਹਲਫ਼ੀਆ ਬਿਆਨ ਸਬੰਧਤ ਅਥਾਰਟੀ ਨੂੰ ਭੇਜਣ ਦੇ ਨਾਲ ਹੀ ਇਸ ਸਬੰਧੀ 24 ਘੰਟਿਆਂ ਦੇ ਅੰਦਰ-ਅੰਦਰ ਰਿਪੋਰਟ ਜਮਾਂ ਕਰਵਾਉਣ ਲਈ ਨਿਰਦੇਸ਼ ਜਾਰੀ ਕਰੇਗਾ ਅਤੇ ਕੋਈ

ਰਿਪੋਰਟ ਨਾ ਆਉਣ ਦੀ ਸੂਰਤ ਵਿੱਚ ਇਹ ਮੰਨਿਆ ਜਾਵੇਗਾ ਕਿ ਪੰਜਾਬ ਰਾਜ ਚੋਣ ਕਮਿਸ਼ਨ ਐਕਟ, 1994 ਦੇ ਅਨੁਸਾਰ ਸਬੰਧਤ ਉਮੀਦਵਾਰ ਡਿਫਾਲਟਰ ਜਾਂ ਅਣਅਧਿਕਾਰਤ ਕਬਜ਼ਾਧਾਰੀ ਨਹੀਂ ਏ।

-----------------------------------------------------------

ਝੋਨੇ ਦੀ ਪਰਾਲੀ ਦੀ ਸਾਂਭ ਸੰਭਾਲ ਲਈ ਪ੍ਰਸ਼ਾਸ਼ਨ ਤਿਆਰ-ਡੀ. ਸੀ. ਰੂਪਨਗਰ ਡਿਪਟੀ ਕਮਿਸ਼ਨਰ ਰੂਪਨਗਰ ਹਿਮਾਂਸ਼ੂ ਜੈਨ ਨੇ ਦੱਸਿਆ ਏ ਕਿ ਝੋਨੇ ਦੀ ਪਰਾਲੀ ਦੀ ਸਾਂਭ ਸੰਭਾਲ ਲਈ ਜਿਲ੍ਹਾ ਪ੍ਰਸ਼ਾਸ਼ਨ ਹਰ ਪੱਖੋ ਤਿਆਰ ਏ। ਪਰਾਲੀ ਪ੍ਰਬੰਧਨ ਲਈ ਵਰਤੀਆਂ ਜਾਣ ਵਾਲੀਆਂ ਮਸ਼ੀਨ ਉਪਲੱਬਧ ਕਰਵਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਇਨਾਂ ਮਸ਼ੀਨਾਂ ਦੀ ਸੁੱਚਜੀ ਵਰਤੋ ਲਈ ਪਿੰਡ ਵਾਰ ਮੈਪਿੰਗ ਕਰ ਦਿੱਤੀ ਗਈ ਏ। ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਰੂਪਨਗਰ ਵਲੋ ਕਿਸਾਨਾਂ ਨੂੰ ਪਰਾਲੀ ਸਾੜਨ ਨਾਲ ਹੋ ਰਹੇ ਨੁਕਸਾਨ ਤੇ ਭੂਮੀ ਦੀ ਘਟਦੀ ਉਪਜਾਊ ਸ਼ਕਤੀ ਸੰਬਧੀ ਪਿੰਡ ਪੱਧਰੀ ਤੇ ਬਲਾਕ ਪੱਧਰੀ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਹਨ ਤੇ ਕਿਸਾਨਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਏ। ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਪਰਾਲੀ ਦੀ ਸਚੁੱਜੀ

ਵਰਤੋ ਕਰਨ ਨਾਲ ਹੋਣ ਵਾਲੇ ਫਾਇਦੇ ਸਬੰਧੀ 10 ਮਸ਼ੀਨ ਪ੍ਰਦਰਸ਼ਨੀਆਂ ਲਗਾਈਆਂ ਜਾ ਰਹੀਆਂ ਨੇ। ਸਕੂਲੀ ਬੱਚਿਆਂ ਨੂੰ ਪਰਾਲੀ ਸਾੜਨ ਨਾਲ ਵਾਤਾਵਰਣ ਨੂੰ ਹੋ ਰਹੇ ਨੁਕਸਾਨ ਸਬੰਧੀ ਜਾਗਰੂਕ ਕਰਕੇ ਕਿਸਾਨਾਂ ਨੂੰ ਸੁਚੇਤ ਕੀਤਾ ਜਾ ਰਿਹਾ ਏ। ਸੁੱਚਜੇ ਪ੍ਰਬਧੰਨ ਸਬੰਧੀ 2 ਜਾਗਰੂਕ ਵੈਨਾਂ 40 ਦਿਨਾਂ ਲਈ ਚਲਾਈਆ ਜਾ ਰਹੀਆਂ ਨੇ।

---------------------------------------------------

ਫਰੀਦਕੋਟ ਦੇ ਡਿਪਟੀ ਕਮਿਸ਼ਨਰ ਕਮ ਜਿਲ੍ਹਾ ਮੈਜਿਸਟ੍ਰੇਟ ਸ੍ਰੀ ਵਿਨੀਤ ਕੁਮਾਰ ਨੇ ਹੁਕਮ ਜਾਰੀ ਕਰਕੇ ਜਿਲ੍ਹੇ ਵਿੱਚ ਪੰਜਾਬ ਸਰਕਾਰ ਵੱਲੋਂ ਪਰਾਲੀ ਦੀ ਸਾਂਭ-ਸੰਭਾਲ ਸਬੰਧੀ ਕਿਸਾਨਾਂ ਲਈ ਪੰਚਾਇਤਾਂ, ਸਹਿਕਾਰੀ ਸਭਾਵਾਂ ਅਤੇ ਪ੍ਰਾਈਵੇਟ ਵਿਅਕਤੀਆਂ ਨੂੰ ਖੇਤੀਬਾੜੀ ਮਸ਼ੀਨਰੀ ਸਬਸਿਡੀ ਰੇਟਾਂ ਤੇ ਮੁਹੱਈਆ ਕਰਵਾਉਣ ਅਤੇ ਕਿਸਾਨਾਂ ਦੀਆਂ ਮਸ਼ੀਨਰੀ ਸਬੰਧੀ ਸਮੱਸਿਆਵਾਂ ਨੂੰ ਹੱਲ ਕਰਨ ਲਈ ਅਧਿਕਾਰੀਆਂ ਦੀ ਨਿਯੁਕਤੀ ਕੀਤੀ ਏ, ਇਸਦਾ ਉਦੇਸ਼ ਇਹ ਯਕੀਨੀ ਬਣਾਉਣਾ ਏ ਕਿ, ਕਿਸਾਨ ,ਇਸ ਮਸ਼ੀਨਰੀ ਰਾਹੀਂ ਪਰਾਲੀ ਨੂੰ ਅੱਗ ਲਾਉਣ ਦੀ ਬਜਾਏ ਭਵਿੱਖ ਵਿੱਚ ਪਰਾਲੀ ਦੀ ਵਰਤੋਂ ਲਈ ਸੁੱਚਜੇ ਤਰੀਕੇ ਨਾਲ ਸਾਂਭ ਸੰਭਾਲ

ਕਰ ਸਕਣ । ਉਨ੍ਹਾਂ ਇਹ ਵੀ ਕਿਹਾ ਕਿ ਇਹ ਅਧਿਕਾਰੀ ਇਹ ਯਕੀਨੀ ਬਣਾਉਣਗੇ ਕਿ ਸਹਿਕਾਰੀ ਸਭਾਵਾਂ ਅਤੇ ਪੰਚਾਇਤਾਂ ਪਾਸ ਉਪਲਬਧ ਮਸ਼ੀਨਰੀ ਸਾਂਝੀਆਂ ਥਾਵਾਂ ਤੇ ਰੱਖੀ ਜਾਵੇ ਨਾ ਕਿ ਘਰਾਂ ਵਿੱਚ। ਇਸ ਦੇ ਨਾਲ ਹੀ ਇਹ ਵੀ ਯਕੀਨੀ ਬਣਾਉਣਗੇ ਕਿ ਕਿਸਾਨ ਵੱਲੋਂ ਸਬੰਧਤ ਏਜੰਸੀ ਪਾਸੋਂ ਮਸ਼ੀਨਰੀ ਮੰਗਣ ਤੇ ਮਸ਼ੀਨਰੀ ਮੁਹੱਈਆ ਕਰਵਾਈ ਜਾਵੇ ਅਤੇ ਜੇਕਰ ਕੋਈ ਸ਼ਿਕਾਇਤ ਪ੍ਰਾਪਤ ਹੁੰਦੀ ਏ ਤਾਂ ਉਸਦਾ ਗੰਭੀਰ ਨੋਟਿਸ ਲੈਣ। ਡਿਪਟੀ ਕਮਿਸ਼ਨਰ ਨੇ ਜਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਦੀ ਕਟਾਈ ਉਪਰੰਤ ਪਰਾਲੀ ਤੇ ਹੋਰ ਰਹਿੰਦ-ਖੂੰਹਦ ਦੇ ਸੁਚੱਜੇ ਨਿਪਟਾਰੇ ਲਈ ਆਧੁਨਿਕ ਤਕਨੀਕਾਂ, ਮਸ਼ੀਨਰੀ ਦੀ ਵਰਤੋਂ ਕਰਨ ਤਾਂ ਜੋ ਵਾਤਾਵਰਨ ਨੂੰ ਸ਼ੁੱਧ ਤੇ ਪ੍ਰਦੂਸ਼ਣ ਮੁਕਤ ਰੱਖਿਆ ਜਾ ਸਕੇ

-----------------------------------------------------------

ਪਠਾਨਕੋਟ ਵਿਖੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਚੇਅਰਮੈਨ ਕਮ ਜ਼ਿਲ੍ਹਾ ਸੈਸ਼ਨ ਜੱਜ ਜਤਿੰਦਰਪਾਲ ਸਿੰਘ ਖੁਰਮੀ ਦੀ ਪ੍ਰਧਾਨਗੀ ਹੇਠ ਗਾਂਧੀ ਜਯੰਤੀ ਮੌਕੇ ਕਚਹਿਰੀ ਚੌਕ ਮਲਿਕਪੁਰ ਵਿੱਚ ਸਫਾਈ ਮੁਹਿੰਮ ਚਲਾਈ ਗਈ । ਜੱਜ ਸਾਹਿਬਾਨ ਅਤੇ ਸਟਾਫ਼ ਮੈਂਬਰਾਂ ਨੇ ਅਦਾਲਤੀ

ਚੌਂਕ ਦੀ ਸਫ਼ਾਈ ਵੀ ਕੀਤੀ। ਜ਼ਿਲ੍ਹਾ ਤੇ ਸੈਸ਼ਨ ਜੱਜ ਜਤਿੰਦਰਪਾਲ ਸਿੰਘ ਖੁਰਮੀ ਨੇ ਕਿਹਾ ਕਿ ਹਰੇਕ ਨਾਗਰਿਕ ਦਾ ਫਰਜ਼ ਬਣਦਾ ਏ ਕਿ ਉਹ ਆਪਣੇ ਦਫ਼ਤਰ ਤੇ ਆਲੇ-ਦੁਆਲੇ ਦੀ ਸਫ਼ਾਈ ਦਾ ਧਿਆਨ ਰੱਖੇ। ਸਾਨੂੰ ਹਫ਼ਤੇ ਵਿੱਚ ਇੱਕ ਵਾਰ ਸਫ਼ਾਈ ਮੁਹਿੰਮ ਚਲਾਉਣੀ ਚਾਹੀਦੀ ਏ। ਇਸ ਮੌਕੇ ਅਥਾਰਟੀ ਸਕੱਤਰ ਕਮ ਸੀ.ਜੇ.ਐਮ ਰੁਪਿੰਦਰ ਸਿੰਘ, ਸੀਨੀਅਰ ਸਹਾਇਕ ਸੰਜੇ ਕੁਮਾਰ, ਹਰਪ੍ਰੀਤ ਸਿੰਘ, ਸੁਖਵਿੰਦਰ ਸਿੰਘ, ਅਮਰੀਕ ਸਿੰਘ, ਦੀਪਕ ਸ਼ਰਮਾ ਆਦਿ ਹਾਜ਼ਰ ਰਹੇ।

---------------------------------------------------

ਝੋਨੇ ਦੀ ਪਰਾਲੀ ਦੀ ਸਾਂਭ ਸੰਭਾਲ ਲਈ ਪ੍ਰਸ਼ਾਸ਼ਨ ਤਿਆਰ-ਡੀ. ਸੀ. ਰੂਪਨਗਰ ਡਿਪਟੀ ਕਮਿਸ਼ਨਰ ਰੂਪਨਗਰ ਹਿਮਾਂਸ਼ੂ ਜੈਨ ਨੇ ਦੱਸਿਆ ਏ ਕਿ ਝੋਨੇ ਦੀ ਪਰਾਲੀ ਦੀ ਸਾਂਭ ਸੰਭਾਲ ਲਈ ਜਿਲ੍ਹਾ ਪ੍ਰਸ਼ਾਸ਼ਨ ਹਰ ਪੱਖੋ ਤਿਆਰ ਏ। ਪਰਾਲੀ ਪ੍ਰਬੰਧਨ ਲਈ ਵਰਤੀਆਂ ਜਾਣ ਵਾਲੀਆਂ ਮਸ਼ੀਨ ਉਪਲੱਬਧ ਕਰਵਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਇਨਾਂ ਮਸ਼ੀਨਾਂ ਦੀ ਸੁੱਚਜੀ ਵਰਤੋ ਲਈ ਪਿੰਡ ਵਾਰ ਮੈਪਿੰਗ ਕਰ ਦਿੱਤੀ ਗਈ ਏ। ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਰੂਪਨਗਰ ਵਲੋ

ਕਿਸਾਨਾਂ ਨੂੰ ਪਰਾਲੀ ਸਾੜਨ ਨਾਲ ਹੋ ਰਹੇ ਨੁਕਸਾਨ ਤੇ ਭੂਮੀ ਦੀ ਘਟਦੀ ਉਪਜਾਊ ਸ਼ਕਤੀ ਸੰਬਧੀ ਪਿੰਡ ਪੱਧਰੀ ਤੇ ਬਲਾਕ ਪੱਧਰੀ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਹਨ ਤੇ ਕਿਸਾਨਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਏ। ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਪਰਾਲੀ ਦੀ ਸਚੁੱਜੀ ਵਰਤੋ ਕਰਨ ਨਾਲ ਹੋਣ ਵਾਲੇ ਫਾਇਦੇ ਸਬੰਧੀ 10 ਮਸ਼ੀਨ ਪ੍ਰਦਰਸ਼ਨੀਆਂ ਲਗਾਈਆਂ ਜਾ ਰਹੀਆਂ ਨੇ। ਸਕੂਲੀ ਬੱਚਿਆਂ ਨੂੰ ਪਰਾਲੀ ਸਾੜਨ ਨਾਲ ਵਾਤਾਵਰਣ ਨੂੰ ਹੋ ਰਹੇ ਨੁਕਸਾਨ ਸਬੰਧੀ ਜਾਗਰੂਕ ਕਰਕੇ ਕਿਸਾਨਾਂ ਨੂੰ ਸੁਚੇਤ ਕੀਤਾ ਜਾ ਰਿਹਾ ਏ। ਸੁੱਚਜੇ ਪ੍ਰਬਧੰਨ ਸਬੰਧੀ 2 ਜਾਗਰੂਕ ਵੈਨਾਂ 40 ਦਿਨਾਂ ਲਈ ਚਲਾਈਆ ਜਾ ਰਹੀਆਂ ਨੇ। ਫਰੀਦਕੋਟ ਦੇ ਡਿਪਟੀ ਕਮਿਸ਼ਨਰ ਕਮ ਜਿਲ੍ਹਾ ਮੈਜਿਸਟ੍ਰੇਟ ਸ੍ਰੀ ਵਿਨੀਤ ਕੁਮਾਰ ਨੇ ਹੁਕਮ ਜਾਰੀ ਕਰਕੇ ਜਿਲ੍ਹੇ ਵਿੱਚ ਪੰਜਾਬ ਸਰਕਾਰ ਵੱਲੋਂ ਪਰਾਲੀ ਦੀ ਸਾਂਭ-ਸੰਭਾਲ ਸਬੰਧੀ ਕਿਸਾਨਾਂ ਲਈ ਪੰਚਾਇਤਾਂ, ਸਹਿਕਾਰੀ ਸਭਾਵਾਂ ਅਤੇ ਪ੍ਰਾਈਵੇਟ ਵਿਅਕਤੀਆਂ ਨੂੰ ਖੇਤੀਬਾੜੀ ਮਸ਼ੀਨਰੀ ਸਬਸਿਡੀ ਰੇਟਾਂ ਤੇ ਮੁਹੱਈਆ ਕਰਵਾਉਣ ਅਤੇ ਕਿਸਾਨਾਂ ਦੀਆਂ ਮਸ਼ੀਨਰੀ ਸਬੰਧੀ

ਸਮੱਸਿਆਵਾਂ ਨੂੰ ਹੱਲ ਕਰਨ ਲਈ ਅਧਿਕਾਰੀਆਂ ਦੀ ਨਿਯੁਕਤੀ ਕੀਤੀ ਏ,

---

ਬਠਿੰਡਾ ਜ਼ਿਲ੍ਹਾ ਦੇ ਮੈਜਿਸਟ੍ਰੇਟ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਬਠਿੰਡਾ ਜ਼ਿਲ੍ਹੇ ਵਿੱਚ ਪ੍ਰੀਗੈਬਾਲਿਨ (Pregabalin) 75 ਐਮ.ਜੀ. ਦੇ ਕੈਪਸੂਲ ਤੇ ਗੋਲੀਆਂ ਦੀ ਵਿਕਰੀ 'ਤੇ ਮੁਕੰਮਲ ਤੌਰ ’ਤੇ ਪਾਬੰਦੀ ਲਗਾਈ ਏ । ਓਹਨਾਂ ਦੱਸਿਆ ਕਿ ਕੈਪਸੂਲ ਦਾ ਆਮ ਲੋਕਾਂ ਵੱਲੋਂ ਮੈਡੀਕਲ ਨਸ਼ੇ ਵਜੋਂ ਸੇਵਨ ਕੀਤਾ ਜਾ ਰਿਹਾ ਏ । ਉਨ੍ਹਾਂ ਨਿਰਦੇਸ਼ ਦਿੱਤੇ ਕਿ ਕੈਮਿਸਟ ਵੱਲੋਂ ਦਵਾਈ ਦੇਣ ਸਮੇਂ ਪ੍ਰਿਸਕ੍ਰਿਪਸ਼ਨ ਸਲਿੱਪ 'ਤੇ ਆਪਣੀ ਮੋਹਰ ਲਗਾਈ ਜਾਵੇਗੀ ਤੇ ਦਵਾਈ ਦੇਣ ਦੀ ਮਿਤੀ ਦਰਜ ਕੀਤੀ ਜਾਵੇ। ਹੁਕਮ ਦੀ ਕਿਸੇ ਵੀ ਉਲੰਘਣਾ 'ਤੇ ਸੈਕਸ਼ਨ 223 ਭਾਰਤੀਆ ਨਿਆਏ ਸਨਹਿਤਾ 2023 ਤਹਿਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਹੁਕਮ 29 ਨਵੰਬਰ 2024 ਤੱਕ ਲਾਗੂ ਰਹੇਗਾ।

---

ਐਨ.ਐਸ.ਐਸ., ਪੰਜਾਬ ਯੂਨੀਵਰਸਿਟੀ ਨੇ ਅੱਜ ਗੋਦ ਲਏ ਪਿੰਡ ਧਨਾਸ

ਅਤੇ ਖੁੱਡਾ ਲਾਹੌਰਾ ਵਿਖੇ 'ਸਵੱਛਤਾ ਹੀ ਸੇਵਾ' ਮੁਹਿੰਮ ਤਹਿਤ ਪ੍ਰੋਗ੍ਰਾਮ ਕਰਾਇਆ . ਇਹ ਪ੍ਰੋਗਰਾਮ ਡਾ.ਪਰਵੀਨ ਗੋਇਲ, ਪ੍ਰੋਗਰਾਮ ਕੋਆਰਡੀਨੇਟਰ, NSS, ਪੰਜਾਬ ਯੂਨੀਵਰਸਿਟੀ ਅਤੇ ਪ੍ਰੋਗਰਾਮ ਅਫ਼ਸਰ ਡਾ.ਸੋਨੀਆ ਸ਼ਰਮਾ ਅਤੇ ਡਾ.ਵਿਵੇਕ ਕਪੂਰ ਦੀ ਅਗਵਾਈ ਹੇਠ ਕਰਵਾਇਆ ਗਿਆ। ਉਨ੍ਹਾਂ ਸ਼ਹਿਰ ਵਾਸੀਆਂ ਅਤੇ ਬੱਚਿਆਂ ਨੂੰ ਸਾਫ਼-ਸਫ਼ਾਈ ਰੱਖਣ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ ਅਤੇ ਗਿੱਲੇ ਕੂੜੇ ਅਤੇ ਸੁੱਕੇ ਕੂੜੇ ਨੂੰ ਵੱਖ-ਵੱਖ ਕਰਨ ਦੇ ਤਰੀਕਿਆਂ ਬਾਰੇ ਜਾਣਕਾਰੀ ਦਿੱਤੀ ।